**ਦਫਤਰ ਜ਼ਿਲਾ ਲੋਕ ਸੰਪਰਕ ਅਫਸਰ, ਫਾਜ਼ਿਲਕਾ**

**ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਅਬੋਹਰ ਵਿਖੇ 202.64 ਕਰੋੜ ਰੁਪਏ ਦੇ ਵੱਖ-ਵੱਖ ਪ੍ਰੋਜੈਕਟਾਂ ਦਾ ਰੱਖਣਗੇ ਨੀਂਹ ਪੱਥਰ**

**ਸਮੂਹ ਵਿਭਾਗੀ ਅਧਿਕਾਰੀਆਂ ਨੂੰ ਮੁੱਖ ਮੰਤਰੀ ਦੀ ਆਮਦ ’ਤੇ ਪ੍ਰਬੰਧ ਸਮੇਂ ਸਿਰ ਯਕੀਨੀ ਬਣਾਉਣ ਦੀ ਹਦਾਇਤ**

**ਸੁਨੀਲ ਜਾਖੜ ਦੇ ਉਦਮ ਸਦਕਾ ਬਦਲੇਗੀ ਅਬੋਹਰ ਦੀ ਨੁਹਾਰ**

**ਅਬੋਹਰ (ਫਾਜ਼ਿਲਕਾ), 10 ਜਨਵਰੀ**

ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਦੱਸਿਆ ਕਿ ਸੂਬੇ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ 202.64 ਕਰੋੜ ਦੇ ਵੱਖ-ਵੱਖ ਪ੍ਰੋਜੈਕਟਾਂ ਦਾ ਉਦਘਾਟਨ ਕਰਨ ਲਈ 12 ਜਨਵਰੀ 2021 ਨੂੰ ਅਬੋਹਰ ਵਿਖੇ ਪਹੁੰਚ ਰਹੇ ਹਨ। ਉਨਾਂ ਸਮੂਹ ਵਿਭਾਗੀ ਅਧਿਕਾਰੀਆਂ ਨੂੰ ਮੁੱਖ ਮੰਤਰੀ ਦੀ ਆਮਦ ’ਤੇ ਪ੍ਰਬੰਧ ਸਮੇਂ ਸਿਰ ਯਕੀਨੀ ਬਣਾਉਣ ਦੀ ਹਦਾਇਤ ਕੀਤੀ। ਉਨਾਂ ਕਿਹਾ ਕਿ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਸ੍ਰੀ ਸੁਨੀਲ ਜਾਖੜ ਦੇ ਉਦਮ ਸਦਕਾ ਅਬੋਹਰ ਸ਼ਹਿਰ ਦੀ ਨੁਹਾਰ ਬਦਲੇਗੀ।

ਡਿਪਟੀ ਕਮਿਸ਼ਨਰ ਨੇ ਪ੍ਰੋਜੈਕਟਾਂ ਦੇ ਵੇਰਵੇ ਦੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਅਬੋਹਰ ਸ਼ਹਿਰ ਵਿਖੇ ਮਲੋਟ ਚੋਂਕ ਤੋਂ ਹਨੁਮਾਨਗੜ ਰੋੜ ਅਤੇ ਮਲੋਟ ਚੌਂਕ ਤੋਂ ਸੀਤੋਗੁਨੋ ਨੂੰ ਜਾਣ ਵਾਲੀ ਸੜਕ ਨੂੰ ਅਪਗੇਡ੍ਰ ਕੀਤਾ ਜਾਵੇਗਾ।ਉਨਾਂ ਕਿਹਾ ਕਿ ਸੜਕ ਦੀ ਅਪਗ੍ਰੇਡ ਹੋਣ ਨਾਲ ਸ਼ਹਿਰ ਵਾਸੀਆਂ ਲਈ ਆਵਾਜਾਈ ਹੋਰ ਸੁਖਾਲੀ ਹੋਵੇਗੀ। ਇਸ ਤੋਂ ਇਲਾਵਾ ਅਬੋਹਰ ਸ਼ਹਿਰ ਵਿਖੇ ਨਵਾਂ ਸਰਕਾਰੀ ਡਿਗਰੀ ਕਾਲਜ ਬਣਾਇਆ ਜਾ ਰਿਹਾ ਹੈ।ਉਨਾਂ ਕਿਹਾ ਕਿ ਵਿਦਿਆਰਥੀ ਵਰਗ ਨੂੰ ਪੜਾਈ ਵਿਚ ਇਸ ਨਾਲ ਹੋਰ ਸਹਾਇਤਾ ਪ੍ਰਾਪਤ ਹੋਵੇਗੀ ਅਤੇ ਪ੍ਰਾਇਵੇਟ ਕਾਲਜ ਵਿਚ ਵਾਧੂ ਖਰਚਾ ਭਰਨ ਦੀ ਬਜਾਏ ਸਰਕਾਰੀ ਕਾਲਜ ਵਿਚ ਪੜਾਈ ਜਾਰੀ ਰੱਖ ਸਕਣਗੇ।

ਵਧੀਕ ਡਿਪਟੀ ਕਮਿਸ਼ਨਰ (ਜ)-ਕਮ-ਮਿਉਨੀਸਿਪਲ ਕਮਿਸ਼ਨਰ ਅਬੋਹਰ ਸ੍ਰੀ ਅਭਿਜੀਤ ਕਪਲਿਸ਼ ਨੇ ਕਿਹਾ ਕਿ ਮੁੱਖ ਮੰਤਰੀ ਵੱਲੋਂ ਵਿਸ਼ੇਸ਼ ਤੌਰ ’ਤੇ ਅਬੋਹਰ ਅਧੀਨ ਪੈਂਦੇ ਪਿੰਡ ਸੱਪਾਂ ਵਾਲੀ ਵਿਖੇ ਲਗਭਗ 62 ਕਰੋੜ ਦੀ ਲਾਗਤ ਨਾਲ ਬਣੇ ਮਲਟੀ ਸਪੈਸ਼ਲਟੀ ਵੈਟਰਨਰੀ ਹਸਪਤਾਲ ਅਤੇ ਖੇਤਰੀ ਖੋਜ਼ ਕੇਂਦਰ ਦਾ ਨੀਂਹ ਪੱਥਰ ਵੀ ਰੱਖਿਆ ਜਾਵੇਗਾ।ਉਨਾਂ ਕਿਹਾ ਕਿ ਪਹਿਲਾਂ ਪਸ਼ੂ ਪਾਲਕਾਂ ਨੂੰ ਆਪਣੇ ਪਸ਼ੂ ਦਾ ਇਲਾਜ ਕਰਵਾਉਣ ਲਈ ਗੁੜਵਾਸੂ ਯੂਨੀਵਰਸਿਟੀ, ਲੁਧਿਆਣਾ ਵਿਖੇ ਜਾਣਾ ਪੈਂਦਾ ਸੀ ਜਿਸ ਨਾਲ ਪਸ਼ੂ ਪਾਲਕਾਂ ਦੇ ਆਉਣ-ਜਾਣ ’ਤੇ ਵਾਧੂ ਖਰਚ ਦਾ ਬੋਝ ਪੈਂਦਾ ਸੀ, ਹੁਣ ਹਸਪਤਾਲ ਬਣਨ ਨਾਲ ਇਥੇ ਹੀ ਪਸ਼ੂ ਪਾਲਕ ਆਪਣੇ ਪਸ਼ੂ ਦਾ ਇਲਾਜ ਕਰਵਾ ਸਕਣਗੇ ਜਿਸ ਨਾਲ ਨੇੜਨੇ ਇਲਾਕੇ ਦੇ ਪਸ਼ੂ ਪਾਲਕਾਂ ਨੂੰ ਕਾਫੀ ਸਹਾਇਤਾ ਪ੍ਰਦਾਨ ਹੋਵੇਗੀ।ਉਨਾਂ ਕਿਹਾ ਕਿ ਖੇਤਰੀ ਖੋਜ਼ ਕੇਂਦਰ ਵਿਖੇ ਕਿਸਾਨਾਂ ਨੂੰ ਪਸ਼ੂ ਪਾਲਣ, ਮੱਛੀ ਪਾਲਣ, ਬਕਰੀ ਪਾਲਣ ਤੇ ਡੇਅਰੀ ਦਾ ਧੰਦਾ ਕਰਨ ਸਬੰਧੀ ਸਿਖਲਾਈ ਦਿੱਤੀ ਜਾਵੇਗੀ। ਉਨਾਂ ਨੇ ਦੱਸਿਆ ਕਿ ਅਬੋਹਰ ਵਿਚ ਐਸ.ਡੀ.ਐਮ. ਅਤੇ ਹੋੋਰ ਵਿਭਾਗਾਂ ਦੇ ਦਫ਼ਤਰਾਂ ਦਾ ਵੀ ਨਿਰਮਾਣ ਕੀਤਾ ਜਾਵੇਗਾ ਜਿਸ ਤੇ 3.5 ਕਰੋੜ ਰੁਪਏ ਦੀ ਲਾਗਤ ਆਵੇਗੀ। ਇਸੇ ਤਰਾਂ 80 ਲੱਖ ਰੁਪਏ ਦੀ ਲਾਗਤ ਨਾਲ ਇੰਦਰਾ ਨਗਰੀ ਵਿਚ ਅਰਬਨ ਪ੍ਰਾਈਮਰੀ ਹੈਲਥ ਸੈਂਟਰ ਦਾ ਨਿਰਮਾਣ ਕਾਰਜ ਦਾ ਨੀਂਹ ਪੱਥਰ ਵੀ ਮੁੱਖ ਮੰਤਰੀ ਵੱਲੋਂ ਰੱਖਿਆ ਜਾਵੇਗਾ।ਇਸ ਤੋਂ ਇਲਾਵਾ ਹੋਰ ਵੀ ਵੱਖ-ਵੱਖ ਪ੍ਰੋਜੈਕਟਰਾਂ ਦਾ ਉਦਘਾਟਨ ਕੀਤਾ ਜਾਵੇਗਾ।



**ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ ਫਾਜ਼ਿਲਕਾ**

**ਡੇਅਰੀ ਵਿਕਾਸ ਵਿਭਾਗ ਵੱਲੋਂ ਆਨਲਾਈਨ ਸਿਖਲਾਈ 18 ਤੋਂ**

**ਫਾਜ਼ਿਲਕਾ, 10 ਜਨਵਰੀ:**

ਪੇਂਡੂ ਵਿਕਾਸ ਤੇ ਪੰਚਾਇਤ, ਪਸ਼ੂ-ਪਾਲਣ ਮੰਤਰੀ ਪੰਜਾਬ ਤ੍ਰਿਪਤ ਰਜਿੰਦਰ ਸਿੰਘ ਬਾਜਵਾ ਦੇ ਨਿਰਦੇਸ਼ਾਂ ਅਨੁਸਾਰ ਅਤੇ ਡਾਇਰੈਕਟਰ ਡੇਅਰੀ ਵਿਕਾਸ ਵਿਭਾਗ ਪੰਜਾਬ ਕਰਨੈਲ ਸਿੰਘ ਦੀ ਅਗਵਾਈ ਹੇਠ ਡੇਅਰੀ ਵਿਕਾਸ ਵਿਭਾਗ ਵੱਲੋਂ 18 ਜਨਵਰੀ ਤੋਂ ਦੁੱਧ ਉਤਪਾਦਕਾਂ ਅਤੇ ਡੇਅਰੀ ਫਾਰਮਰਾਂ ਨੂੰ ਘਰ ਬੈਠਿਆਂ ਦੀ ਆਨਲਾਈਨ ਸਿਖਲਾਈ ਦੇਣ ਲਈ ਅਗਲਾ ਬੈਚ ਸ਼ੁਰੂ ਹੋ ਰਿਹਾ ਹੈ। ਡਿਪਟੀ ਡਾਇਰੈਕਟਰ ਡੇਅਰੀ ਫਾਜ਼ਿਲਕਾ ਸ੍ਰੀ ਰਣਦੀਪ ਕੁਮਾਰ ਹਾਂਡਾ ਨੇ ਦੱਸਿਆ ਕਿ ਅਜੋਕੇ ਯੁੱਗ ਵਿਚ ਵਿਗਿਆਨਿਕ ਢੰਗਾਂ ਨਾਲ ਕੀਤੇ ਕਾਰੋਬਾਰ ਹੀ ਲਾਹੇਵੰਦ ਹੋਣਗੇ। ਦੁਧਾਰੂ ਪਸ਼ੂਆਂ ਦੀ ਖਰੀਦ ਤੋਂ ਲੇ ਕੇ ਸੰਭਾਲ ਖਾਦ, ਖਾਦ-ਖੁਰਾਕ, ਨਸਲ ਸੁਧਾਰ ਅਤੇ ਉਤਪਾਦਨ ਦੇ ਸੁਚਜੇ ਮੰਡੀਕਰਨ ਦੀਆਂ ਨਵੀਨਤਮ ਤਕਨੀਕਾਂ ਬਾਰੇ ਜਾਣਕਾਰੀ ਦੇਣ ਲਈ ਚਲਾਏ ਜਾਂਦੇ ਡੇਅਰੀ ਸਿਖਲਾਈ ਪ੍ਰੋਗਰਾਮ ਜੋ ਕਿ ਕੋਵਿਡ 19 ਮਹਾਂਮਾਰੀ ਕਰਕੇ ਬੰਦ ਹੋ ਗਏ ਸਨ। ਹੁਣ ਕਿਸਾਨਾਂ, ਦੁਧ ਉਤਪਾਦਕਾਂ ਦੀ ਸਹੂਲਤ ਲਈ ਮੁੜ ਤੋਂ ਆਨਲਾਈਨ ਟ੍ਰੇਨਿੰਗ ਪ੍ਰੋਗਰਾਮ ਘਰ ਬੈਠੇ ਕੇ ਸਿਖਲਾਈ ਪ੍ਰਾਪਤ ਕਰਨ ਲਈ ਸ਼ੁਰੂ ਕੀਤੇ ਗਏ ਹਨ।

ਉਨ੍ਹਾਂ ਸਮੂਹ ਦੁੱਧ ਉਤਪਾਦਕਾਂ ਨੂੰ ਸੁਨੇਹਾ ਦਿੱਤਾ ਕਿ ਤੁਰੰਤ ਆਪਣੇ ਨੇੜੇ ਦੇ ਡੇਅਰੀ ਸਿਖਲਾਈ ਅਤੇ ਵਿਸਥਾਰ ਕੇਂਦਰ ਜਾਂ ਜ਼ਿਲ੍ਹੇ ਦੇ ਡਿਪਟੀ ਡਾਇਰੈਕਟਰ ਡੇਅਰੀ ਵਿਭਾਗ ਦਫਤਰ ਨਾਲ ਸੰਪਰਕ ਕਰਨ ਅਤੇ ਆਪਣੇ ਆਪ ਨੂੰ ਸਿਖਲਾਈ ਪ੍ਰੋਗਰਾਮ ਵਿਚ ਦਾਖਲ ਕਰਵਾਉਣ ਲਈ ਉਪਰਾਲੇ ਕਰਨ ਅਤੇ ਵਿਭਾਗ ਵੱਲੋਂ ਦਿੱਤੀਆਂ ਜਾਂਦੀਆਂ ਸਹੂਲਤਾਂ ਜਿਵੇਂ ਪਸ਼ੂ ਖਰੀਦਣ ਲਈ ਕਰਜ਼ੇ ਦੀ ਸਹੂਲਤ, ਪਸ਼ੂਆਂ ਲਈ ਸੁਚਜੇ ਸ਼ੈੱਡ, ਸਿੰਗਲ ਰੋਅ ਫੋਡਰ ਹਾਰਵੈਸਟਰ, ਸੈਲਫ ਪ੍ਰੋਪੈਲਡ ਫੋਰੇਜ਼ ਕਟਰ, ਆਟੋਮੈਟਿਕ ਮਿਲਕ ਡਿਸਪੈਂਸਿੰਗ ਯੂਨਿਟ, ਆਟੋਮੈਟਿਕ ਸਾਈਲੇਜ਼ ਬੈਲਰ ਕਮ ਰੈਪਰ ਮਸ਼ੀਨ ਦੀ ਖਰੀਦ `ਤੇ ਸਬਸਿਡੀ ਦੀ ਸਹੂਲਤ ਦਾ ਵੱਧ ਤੋਂ ਵੱਧ ਲਾਭ ਲੈਣ। ਉਨ੍ਹਾਂ ਦੁੱਧ ਉਤਪਾਦਕਾਂ/ਡੇਅਰੀ ਫਾਰਮਰਾਂ/ਕਿਸਾਨਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਦਫ਼ਤਰ ਡਿਪਟੀ ਡਇਰੈਕਟਰ ਡੇਅਰੀ ਕਮਰਾ ਨੰਬਰ 508, ਡੀ.ਸੀ. ਕੰਪਲੈਕਸ, ਐਸ.ਐਸ.ਪੀ. ਬਲਾਕ ਫਾਜਿਲਕਾ ਜਾਂ ਦਫਤਰ ਦੇ ਫੋਨ ਨੰਬਰ 01638-262140 `ਤੇ ਸੰਪਰਕ ਕੀਤਾ ਜਾ ਸਕਦਾ ਹੈ।

**ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ**

**ਮਾਸਟਰ ਕੇਡਰ ਭਰਤੀ ਪ੍ਰੀਖਿਆ (ਸਮਾਜਿਕ ਸਿੱਖਿਆ,ਗਣਿਤ ਅਤੇ ਸਾਇੰਸ ) ਦੀਆਂ ਪ੍ਰੀਖਿਆਵਾਂ ਦੀ ਸਿੱਖਿਆ ਸਕੱਤਰ ਕ੍ਰਿਸ਼ਨ ਕੁਮਾਰ ਵਲੋਂ ਕੀਤੀ ਗਈ ਚੈਕਿੰਗ, ਪ੍ਰਗਟਾਈ ਸੰਤੁਸ਼ਟੀ**

**ਫਾਜ਼ਿਲਕਾ 10 ਜਨਵਰੀ**

ਪੰਜਾਬ ਸਰਕਾਰ ਦੁਆਰਾ ਲਈ ਮਾਸਟਰ ਕੇਡਰ ਦੀ ਭਰਤੀ ਪ੍ਰੀਖਿਆ ਜੋ ਕਿ 09.01.2021 ਅਤੇ 10.01.2021 ਨੂੰ ਹੋਈਆਂ ਪ੍ਰੀਖਿਆਵਾਂ ਸਫਲਤਾਪੂਰਵਕ ਸਮਾਪਤ ਹੋ ਗਈਆਂ ਹਨ।ਇਸ ਸਬੰਧੀ ਜ਼ਿਲ੍ਹਾ ਸਿੱਖਿਆ ਅਧਿਕਾਰੀ ਡਾ ਸੁਖਵੀਰ ਸਿੰਘ ਬੱਲ ਨੈਸ਼ਨਲ

ਐਵਾਰਡੀ ਨੇ ਦੱਸਿਆ ਕਿ ਇਸ ਪ੍ਰੀਖਿਆ ਸਬੰਧੀ ਜ਼ਿਲਾ ਫਾਜ਼ਿਲਕਾ ਦੀ 13 ਪ੍ਰੀਖਿਆ ਕੇਂਦਰ ਫ਼ਾਜ਼ਿਲਕਾ ਤਹਿਸੀਲ ਦੇ 8 ਕੇਂਦਰ ਅਤੇ ਅਬੋਹਰ ਤਹਿਸੀਲ ਦੇ 5 ਕੇਂਦਰ ਬਣਾਏ ਗਏ ਹਨ, ਜਿਸ ਵਿੱਚ ਸਮਾਜਿਕ ਸਿੱਖਿਆ ਵਿਸ਼ੇ ਨਾਲ ਸੰਬੰਧਤ 2233 ,ਗਣਿਤ ਵਿਸ਼ੇ ਨਾਲ ਸੰਬੰਧਤ 1169 ਅਤੇ ਸਾਇੰਸ ਨਾਲ ਵਿਸ਼ੇ ਨਾਲ ਸੰਬੰਧਤ 712 ਪ੍ਰੀਖਿਆਰਥੀਆਂ ਨੇ ਆਪਣੀ ਕਿਸਮਤ ਅਜਮਾਈ।

ਡਾ ਬੱਲ ਨੇ ਦੱਸਿਆ ਕਿ ਇਸ ਪ੍ਰੀਖਿਆ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਅਤੇ ਪੁਲਸ ਪ੍ਰਸ਼ਾਸਨ ਨੇ ਵੀ ਪੂਰਾ ਸਹਿਯੋਗ ਕੀਤਾ ਹੈ ।ਇਸ ਤੋਂ ਅੱਗੇ ਜ਼ਿਲ੍ਹਾ ਨੋਡਲ ਅਫ਼ਸਰ ਪ੍ਰੀਖਿਆਵਾਂ ਬ੍ਰਿਜਮੋਹਨ ਸਿੰਘ ਬੇਦੀ ਨੇ ਦੱਸਿਆ ਕਿ ਇਨ੍ਹਾਂ ਪ੍ਰੀਖਿਆਵਾਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਦਫਤਰ ਜ਼ਿਲ੍ਹਾ ਸਿੱਖਿਆ ਅਫ਼ਸਰ ਤਨਦੇਹੀ ਨਾਲ ਕੰਮ ਕਰ ਰਿਹਾ ਹੈ।ਇਸ ਦੇ ਸਬੰਧ ਚ ਉਨ੍ਹਾਂ ਦੱਸਿਆ ਕਿ ਪ੍ਰੀਖਿਆਵਾਂ ਨੂੰ ਸਹੀ ਢੰਗ ਨਾਲ ਚਲਾਉਣ ਲਈ ਸਮੂਹ ਕੰਟਰੋਲਰ ਅਤੇ ਸੁਪਰਡੈਂਟ ਨਾਲ ਇੱਕ ਮੀਟਿੰਗ ਵੀ ਕੀਤੀ ਗਈ ਸੀ,ਜਿਸ ਵਿੱਚ ਉਨ੍ਹਾਂ ਨੂੰ ਪ੍ਰੀਖਿਆਵਾਂ ਸੁਚਾਰੂ ਢੰਗ ਨਾਲ ਕਰਵਾਉਣ ਲਈ ਹਦਾਇਤਾਂ ਜਾਰੀ ਕੀਤੀਆਂ। ਅੱਗੇ ਜਿਕਰਯੋਗ ਹੈ ਕਿ ਪ੍ਰੀਖਿਆਵਾਂ ਦੇ ਸੰਬੰਧ ਵਿੱਚ ਸਿੱਖਿਆ ਸਕੱਤਰ ਕ੍ਰਿਸ਼ਨ ਕੁਮਾਰ ਵਲੋਂ ਕੀਤੀ ਗਈ ਚੈਕਿੰਗ ਕੀਤੀ ਅਤੇ ਸੰਤੁਸ਼ਟੀ ਪ੍ਰਗਟਾਈ।

ਇਹਨਾਂ ਪ੍ਰੀਖਿਆਵਾਂ ਵਿੱਚ ਉੱਪ ਜਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ ਅੰਜੂ ਰਾਣੀ, ਜ਼ਿਲ੍ਹਾ ਵੋਕੇਸ਼ਨਲ ਕੁਆਰਡੀਨੇਟਰ ਗੁਰਛਿੰਦਰ ਪਾਲ ਸਿੰਘ ,ਪ੍ਰੀਖਿਆ ਕੋਆਰਡੀਨੇਟਰ ਵਿਵੇਕ ਅਨੇਜਾ ਅਤੇ ਮੀਡੀਆ ਕੁਆਰਡੀਨੇਟਰ ਇਨਕਲਾਬ ਸਿੰਘ ਅਤੇ ਸੰਦੀਪ ਕੁਮਾਰ ਨੇ ਵੀ ਅਹਿਮ ਭੂਮਿਕਾ ਨਿਭਾਈ।

